ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਤਰਨਤਾਰਨ

ਵਧੀਕ ਡਿਪਟੀ ਕਮਿਸ਼ਨਰ ਵਿਕਾਸ ਨੇ ਵਿਧਾਇਕ ਵੱਲੋਂ ਸਖਤ ਸ਼ਬਦਾਵਲੀ ਬੋਲਣ ਦਾ ਕੀਤਾ ਖੰਡਨ

ਸ੍ਰ. ਹਰਮਿੰਦਰ ਸਿੰਘ ਗਿੱਲ ਵੱਲੋਂ ਹਮੇਸ਼ਾਂ ਦੀ ਤਰ੍ਹਾਂ ਨਿਮਰਤਾ ਨਾਲ ਕੀਤੀ ਗਈ ਗੱਲਬਾਤ- ਪ੍ਰੋ. ਰਾਕੇਸ਼ ਕੁਮਾਰ

ਤਰਨਤਾਰਨ, 28 ਸਤੰਬਰ :

ਵਧੀਕ ਡਿਪਟੀ ਕਮਿਸ਼ਨਰ ਵਿਕਾਸ ਪ੍ਰੋ. ਰਾਕੇਸ਼ ਕੁਮਾਰ ਨੇ ਹਲਕਾ ਵਿਧਾਇਕ ਸ੍ਰ. ਹਰਮਿੰਦਰ ਸਿੰਘ ਵੱਲੋਂ ਫੋਨ 'ਤੇ ਕੀਤੀ ਗੱਲਬਾਤ ਦੌਰਾਨ ਸਖਤ ਸ਼ਬਦਾਵਲੀ ਬੋਲਣ ਦਾ ਖੰਡਨ ਕੀਤਾ ਹੈ। ਉਹਨਾਂ ਕਿਹਾ ਕਿ ਸ੍ਰ. ਹਰਮਿੰਦਰ ਸਿੰਘ ਗਿੱਲ ਵੱਲੋਂ ਉਹਨਾਂ ਨਾਲ ਹਮੇਸ਼ਾਂ ਦੀ ਤਰ੍ਹਾਂ ਨਿਮਰਤਾ ਨਾਲ ਗੱਲਬਾਤ ਕੀਤੀ ਗਈ ਹੈ।



ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਵੱਲੋਂ ਮੀਡੀਆਂ ਵਿੱਚ ਆਈ ਇਸ ਗੱਲ ਦਾ ਵੀ ਖੰਡਨ ਕੀਤਾ ਹੈ, ਕਿ ਵਿਧਾਇਕ ਵੱਲੋਂ ਉਹਨਾਂ ਵਿਰੁੱਧ ਜਾਤੀ ਸੂਚਕ ਸ਼ਬਦਾਂ ਦੀ ਵਰਤੋਂ ਕੀਤੀ ਗਈ।ਪ੍ਰੋ. ਰਾਕੇਸ਼ ਕੁਮਾਰ ਵੱਲੋਂ ਮੀਡੀਆਂ ਨੂੰ ਵੀ ਇਹ ਅਪੀਲ ਕੀਤੀ ਗਈ ਹੈ ਕਿ, ਇਸ ਸਬੰਧੀ ਉਹਨਾਂ ਦਾ ਪੱਖ ਜਾਣੇ ਬਿਨ੍ਹਾਂ ਕੋਈ ਗੱਲ ਪ੍ਰਕਾਸ਼ਿਤ ਨਾ ਕੀਤੀ ਜਾਵੇ।

ਵਧੀਕ ਡਿਪਟੀ ਕਮਿਸ਼ਨਰ ਵਿਕਾਸ ਨੇ ਦੱਸਿਆ ਕਿ ਪੱਟੀ ਹਲਕੇ ਵਿੱਚ ਪੈਂਦੇ ਪਿੰਡ ਨੱਥੂਚੱਕ ਵਿਖੇ ਅਨੁਸੂਚਿਤ ਜਾਤੀ ਦੇ ਪਰਿਵਾਰਾਂ ਨੂੰ ਪਿਛਲੀ ਸਰਕਾਰ ਸਮੇਂ ਦਿੱਤੇ 5-5 ਮਰਲੇ ਦੇ ਪਲਾਟਾਂ ਦੀ ਜਾਂਚ ਨਿਯਮਾਂ ਅਨੁਸਾਰ ਕੀਤੀ ਜਾ ਰਹੀ ਹੈ।

ਉਹਨਾਂ ਕਿਹਾ ਕਿ ਦਫ਼ਤਰ ਦੇ ਕਰਮਚਾਰੀਆਂ ਵੱਲੋਂ ਦਿੱਤਾ ਗਿਆ ਧਰਨਾ ਚੱਕ ਦਿੱਤਾ ਕਿ ਹੈ ਅਤੇ ਦਫ਼ਤਰੀ ਕੰਂਮ ਆਮ ਵਾਂਗ ਹੋ ਰਿਹਾ ਹੈ।

----------